# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 25-03-2024**

- ਰੰਗਾਂ ਦਾ ਤਿਉਹਾਰ ਹੋਲੀ ਪੰਜਾਬ ਵਿੱਚ ਅੱਜ ਖੁਸ਼ੀਆਂ, ਚਾਵਾਂ, ਉਤਸ਼ਾਹ ਤੇ ਆਪਸੀ ਭਾਈਚਾਰੇ ਨਾਲ ਮਨਾਇਆ ਗਿਆ, ਕੌਮਾਂਤਰੀ ਸਰਹੱਦ ਤੇ ਸ਼ਹੀਦਾਂ ਦੇ ਪਰਿਵਾਰਾਂ ਨੇ ਸੀਮਾ ਸੁਰੱਖਿਆ ਬੱਲ ਦੇ ਜਵਾਨਾਂ ਨਾਲ ਹੋਲੀ ਮਨਾਈ।
- ਗੁਰਦਾਸਪੁਰ ਵਿਚ ਸਨਾਤਨ ਚੇਤਨਾ ਮੰਚ ਵਲੋਂ ਸਨਾਤਨੀ ਤੇ ਪੁਰਾਤਨ ਤਿਉਹਾਰਾਂ ਨੂੰ ਰੀਤੀ ਰਿਵਾਜ਼ ਨਾਲ ਮਨਾਉਣ ਦੀ ਮੁਹਿੰਮ ਤਹਿਤ ਬੀਤੀ ਰਾਤ ਹੋਲਿਕਾ ਦੇਹਨ ਦਾ ਵਿਸ਼ੇਸ਼ ਸਮਾਗਮ ਆਯੋਜਿਤ।
- ਖ਼ਾਲਸਾਈ ਜਾਹੋ ਜਲਾਲ ਦੇ ਪ੍ਰਤੀਕ ਕੌਮੀ ਹੋਲਾ ਮਹੱਲਾ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਆਨੰਦਪੁਰ ਸਾਹਿਬ ਵਿਖੇ ਖੂਬ ਰੌਣਕਾਂ ਲੱਗੀਆਂ ਹੋਈਆਂ ਨੇ।

- ਪੰਜਾਬ ਵਿਚ ਵੱਖ ਵੱਖ ਸੜਕ ਹਾਦਸਿਆਂ ਵਿਚ ਇਕ ਬੱਚੇ ਸਮੇਤ ਤਿੰਨ ਵਿਅਕਤੀਆਂ ਦੀ ਮੌਤ ।

-----------------------------------------------------

ਦੇਸ਼ ਦੇ ਹੋਰਨਾਂ ਹਿੱਸਿਆਂ ਵਾਂਗ ਰੰਗਾਂ ਦਾ ਤਿਉਹਾਰ ਹੋਲੀ ਪੰਜਾਬ ਵਿੱਚ ਵੀ ਅੱਜ ਖੁਸ਼ੀਆਂ, ਚਾਵਾਂ, ਪੂਰੇ ਉਤਸ਼ਾਹ ਅਤੇ ਆਪਸੀ ਭਾਈਚਾਰੇ ਨਾਲ ਮਨਾਇਆ ਗਿਆ । ਦਿਨ ਭਰ ਲੋਕਾਂ ਨੇ ਇਕ ਦੂਜੇ ਨੂੰ ਰੰਗ ਲਗਾ ਕੇ ਇਸ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ । ਅੰਮ੍ਰਿਤਸਰ ਦੇ ਸ੍ਰੀ ਦੁਰਗਿਆਣਾ ਮੰਦਿਰ ਵਿਚ ਵ੍ਰਿੰਦਾਵਨ ਵਰਗੀ ਹੋਲੀ ਖੇਡੀ ਗਈ । ਸ੍ਰੀ ਲਕਸ਼ਮੀ ਨਾਰਾਇਣ ਮੰਦਰ ਵਿਖੇ ਠਾਕੁਰ ਜੀ ਨੂੰ ਗੁਲਾਲ ਲਗਾ ਕੇ ਇਸ ਦੀ ਸ਼ੁਰੂਆਤ ਹੋਈ । ਮੰਦਰ ਵਿਚ ਪੁਜੇ ਵਿਦੇਸ਼ੀ ਸੈਲਾਨੀ ਵੀ ਹੋਲੀ ਦੇ ਰੰਗ ਵਿਚ ਰੰਗੇ ਨਜ਼ਰ ਆਏ ।

-----------------------------------------------------

ਸਨਾਤਨ ਚੇਤਨਾ ਮੰਚ ਗੁਰਦਾਸਪੁਰ ਵੱਲੋਂ ਸਨਾਤਨੀ ਅਤੇ ਪੁਰਾਤਨ ਤਿਉਹਾਰਾਂ ਨੂੰ ਰੀਤਿ ਰਿਵਾਜ਼ ਨਾਲ ਮਨਾਉਣ ਦਾ ਬੀੜਾ ਚੁੱਕਿਆ ਗਿਆ ਏ । ਇਸੇ ਲੜੀ ਤਹਿਤ ਹਨੂੰਮਾਨ ਚੌਕ ਗੁਰਦਾਸਪੁਰ ਵਿਖੇ ਬੀਤੀ ਰਾਤ ਹੋਲੀਕਾ ਦਹਨ ਦਾ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਸ਼ਹਿਰ

ਵਾਸੀਆਂ ਨੇ ਵੱਧ ਚੜ ਕੇ ਹਿੱਸਾ ਲਿਆ। ਹਨੂੰਮਾਨ ਚੋਕ ਪੂਰੀ ਤਰ੍ਹਾਂ ਨਾਲ ਕ੍ਰਿਸ਼ਨ ਰੰਗ ਵਿੱਚ ਰੰਗਿਆ ਨਜ਼ਰ ਆਇਆ। ਪੰਡਿਤ ਵਿਸ਼ਨੂ ਸ਼ਰਮਾ ਦੀ ਅਗਵਾਈ ਵਿਚ ਮੰਤਰ ਉਚਾਰਨ ਕਰਕੇ ਹੋਲੀਕਾ ਦਹਿਨ ਕੀਤਾ ਗਿਆ। ਸੈਂਕੜਿਆਂ ਸ਼ਰਧਾਲੂਆਂ ਨੇ ਘਰੋਂ ਲੱਕੜਾਂ ਲਿਆ ਕੇ ਹੋਲੀਕਾ ਦਹਨ ਮੰਡਪ ਵਿੱਚ ਆਹੂਤੀਆਂ ਪਾਈਆਂ ਤੇ ਮੰਡਪ ਦੀ ਪਰਿਕਰਮਾ ਕੀਤੀ। ਸਾਡੇ ਪੱਤਰਕਾਰ ਬਿਸ਼ੰਭਰ ਬਿੱਟੂ ਅਨੁਸਾਰ ਮੰਚ ਵੱਲੋਂ ਲੱਡੂਆਂ ਦਾ ਪ੍ਰਸ਼ਾਦ ਅਤੇ ਸੁਕੇ ਮੇਵਿਆਂ ਵਾਲੀ ਠੰਡਾਈ ਦੀ ਵਰਤਾਈ ਗਈ। ਮੰਚ ਦੇ ਅਹੁਦੇਦਾਰਾਂ ਅਨੂ ਗੰਢੋਤਰਾ, ਭਰਤ ਗਾਬਾ, ਵਿਨੇ ਮਹਾਜਨ ਅਤੇ ਵਿਕਾਸ ਮਹਾਜਨ ਨੇ ਦੱਸਿਆ ਕਿ ਹੋਲੀ ਦਾ ਤਿਉਹਾਰ ਭਗਵਾਨ ਪ੍ਰਤੀ ਵਿਸ਼ਵਾਸ ਦਾ ਪ੍ਰਤੀਕ ਏ। ਭਗਤ ਪ੍ਰਹਿਲਾਦ ਨੂੰ ਉਸ ਦੇ ਪਿਤਾ ਹਰੇਨਿਆਕਸ਼ਪ ਵੱਲੋਂ ਸੱਤ ਦਿਨ ਵੱਖ-ਵੱਖ ਤਰੀਕਿਆਂ ਨਾਲ ਯਾਤਨਾਵਾਂ ਦੇਣ ਅਤੇ ਮਾਰਨ ਦੀ ਕੋਸ਼ਿਸ਼ ਕੀਤੀ ਗਈ ਅਤੇ ਅੱਠਵੇਂ ਦਿਨ ਆਪਣੀ ਭੈਣ ਹੋਲਿਕਾ ਜਿਸ ਨੂੰ ਅੱਗ ਵਿੱਚ ਨਾ ਸੜਨ ਦਾ ਵਰਦਾਨ ਪ੍ਰਾਪਤ ਸੀ ਦੀ ਗੋਦ ਵਿੱਚ ਬਿਠਾ ਕੇ ਭਗਤ ਪ੍ਰਹਲਾਦ ਨੂੰ ਅਗਲੀ ਭੇਂਟ ਕਰਨ ਦੀ ਕੋਸ਼ਿਸ਼ ਕੀਤੀ ਗਈ ਪਰ ਭਗਤ ਪ੍ਰਹਲਾਦ ਦਾ ਬਾਲ ਵੀ ਬਾਂਕਾ ਨਾ ਹੋਇਆ ਉਲਟਾ ਉਸਦੀ ਭੂਆ ਹੋਲੀਕਾ ਅੱਗ ਵਿੱਚ ਸੜ ਕੇ ਸਵਾਹ ਹੋ ਗਈ। ਇਸ ਲਈ ਇਹ ਤਿਉਹਾਰ ਭਗਵਾਨ ਪਰਤੀ ਵਿਸ਼ਵਾਸ ਅਤੇ ਸ਼ਰਧਾ ਦਾ ਪ੍ਰਤੀਕ ਏ। ਉਹਨਾਂ ਕਿਹਾ ਕਿ ਸਨਾਤਨ

ਚੇਤਨਾ ਮੰਚ ਤਿਉਹਾਰਾਂ ਨੂੰ ਮਨਾਉਣ ਦੇ ਕਾਰਨ, ਵਾਸਤਵਿਕ ਮਹੱਤਵ ਅਤੇ ਮਨਾਉਣ ਦੇ ਤਰੀਕਿਆਂ ਨੂੰ ਵੀ ਪੁਨਰ ਜਾਗਰਤ ਕਰਨ ਦੇ ਕੰਮ ਵਿੱਚ ਲੱਗਿਆ ਹੋਇਆ ਏ।

---------------------------------------------------

ਏਧਰ ਖ਼ਾਲਸਾਈ ਜਾਹੋ ਜਲਾਲ ਦੇ ਪ੍ਰਤੀਕ ਕੌਮੀ ਹੋਲਾ ਮਹੱਲਾ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਆਨੰਦਪੁਰ ਸਾਹਿਬ ਵਿਖੇ ਖ਼ੂਬ ਰੌਣਕਾਂ ਲੱਗੀਆਂ ਹੋਈਆਂ ਨੇ। ਦੇਸ਼-ਵਿਦੇਸ਼ ਤੋਂ ਸੰਗਤਾਂ ਗੁਰਦੁਆਰਾ ਤਖਤ ਸ੍ਰੀ ਕੇਸਗੜ੍ਹ ਸਾਹਿਬ, ਕਿਲਾ ਅਨੰਦਗੜ੍ਹ ਸਾਹਿਬ, ਕਿਲਾ ਹੋਲਗੜ੍ਹ ਸਾਹਿਬ, ਕਿਲਾ ਫਤਹਿਗੜ੍ਹ ਸਾਹਿਬ, ਗੁਰਦੁਆਰਾ ਮਾਤਾ ਅਜੀਤ ਕੌਰ ਸਾਹਿਬ ਅਤੇ ਗੁਰਦੁਆਰਾ ਸ਼ੀਸ਼ ਗੰਜ ਵਿਖੇ ਪੂਰੀ ਸ਼ਰਧਾ ਨਾਲ ਨਤ ਮਸਤਕ ਹੋ ਕੇ ਗੁਰਬਾਣੀ ਦਾ ਮਨੋਹਰ ਕੀਰਤਨ ਸਰਵਣ ਕਰ ਰਹੀਆਂ ਨੇ। ਵੱਖ-ਵੱਖ ਥਾਵਾਂ ਤੋਂ ਆਰੰਭ ਹੋਏ ਨਗਰ ਕੀਰਤਨ ਅਤੇ ਨਿਹੰਗ ਸਿੰਘਾਂ ਦੇ ਜਥੇ ਵੀ ਨਿਹੰਗ ਸਿੰਘ ਜਥੇਦਾਰ ਛਾਉਣੀ ਪਹੁੰਚ ਰਹੇ ਨੇ। ਨਿਹੰਗ ਸਿੰਘਾਂ ਦੀਆਂ ਟੋਲੀਆਂ ਵਲੋਂ ਹੈਰਤ ਅੰਗੇਜ਼ ਕਰਤਬ ਦਿਖਾਏ ਜਾ ਰਹੇ ਨੇ ਜਦਕਿ ਗਤਕੇ ਦਾ ਪ੍ਰਦਰਸ਼ਨ ਵੀ ਸਾਰਿਆਂ ਦੀ ਖਿੱਚ ਦਾ ਕੇਂਦਰ ਬਣ ਰਿਹਾ ਏ।

---------------------------------------------------

ਇਸ ਦੌਰਾਨ ਸਾਲ ਦਾ ਪਹਿਲਾ ਚੰਦਰ ਗ੍ਰਹਿਣ ਵੀ ਅੱਜ ਲੱਗਿਆ। ਹੋਲੀ

'ਤੇ ਚੰਦਰ ਗ੍ਰਹਿਣ ਦਾ ਇਤਫ਼ਾਕ ਕੋਈ 100 ਸਾਲ ਬਾਅਦ ਹੋਇਆ। ਜੋਤਿਸ਼ ਗਣਨਾ ਅਨੁਸਾਰ ਇਹ ਚੰਦਰ ਗ੍ਰਹਿਣ ਸਵੇਰੇ 10 ਵੱਜ ਕੇ 24 ਮਿੰਟ ਤੇ ਸ਼ੁਰੂ ਹੋਇਆ ਅਤੇ ਬਾਅਦ ਦੁਪਹਿਰ 3 ਵੱਜ ਕੇ 01 ਮਿੰਟ ਤੱਕ ਰਿਹਾ। ਚੰਦਰ ਗ੍ਰਹਿਣ ਦੀ ਕੁੱਲ ਮਿਆਦ 4 ਘੰਟੇ 36 ਮਿੰਟ ਦੀ ਰਹੀ। ਹਾਲਾਂਕਿ ਇਹ ਚੰਦਰ ਗ੍ਰਹਿਣ ਭਾਰਤ ਵਿੱਚ ਦਿਖਾਈ ਨਹੀਂ ਦਿੱਤਾ।

------------------------------------------------------------

ਹਿਮਾਚਲ ਪ੍ਰਦੇਸ਼ ਦੇ ਊਨਾ ਦੇ ਅੰਬ ਇਲਾਕੇ ਵਿੱਚ ਅੱਜ ਸਵੇਰੇ ਢਿੱਗਾਂ ਡਿੱਗਣ ਕਾਰਨ ਪੰਜਾਬ ਦੇ ਦੋ ਸ਼ਰਧਾਲੂਆਂ ਦੀ ਮੌਤ ਹੋ ਗਈ ਅਤੇ ਸੱਤ ਜ਼ਖ਼ਮੀ ਹੋ ਗਏ। ਇਨ੍ਹਾਂ 'ਚੋਂ ਤਿੰਨ ਗੰਭੀਰ ਜ਼ਖਮੀ ਸ਼ਰਧਾਲੂਆਂ ਨੂੰ ਅੰਬ 'ਚ ਮੁੱਢਲੀ ਸਹਾਇਤਾ ਦੇਣ ਤੋਂ ਬਾਅਦ ਖੇਤਰੀ ਹਸਪਤਾਲ 'ਚ ਰੈਫਰ ਕਰ ਦਿੱਤਾ ਗਿਆ। ਚਾਰ ਜ਼ਖ਼ਮੀਆਂ ਦਾ ਅੰਬ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਏ। ਜਾਣਕਾਰੀ ਅਨੁਸਾਰ ਅੰਬ ਦੇ ਮੈੜੀ ਮੇਲੇ ਵਿੱਚ ਪੰਜਾਬ, ਹਰਿਆਣਾ ਅਤੇ ਹਿਮਾਚਲ ਤੋਂ ਵੱਡੀ ਗਿਣਤੀ ਵਿੱਚ ਸ਼ਰਧਾਲੂ ਸਵੇਰੇ ਪੰਜ ਵਜੇ ਚਰਨ ਗੰਗਾ ਵਿੱਚ ਇਸ਼ਨਾਨ ਕਰ ਰਹੇ ਸਨ। ਇਸ ਦੌਰਾਨ ਪਹਾੜੀ ਤੋਂ ਕੁਝ ਪੱਥਰ ਡਿੱਗੇ, ਜਿਸ ਕਾਰਨ 9 ਸ਼ਰਧਾਲੂ ਜ਼ਖਮੀ ਹੋ ਗਏ

। ਸਾਰਿਆਂ ਨੂੰ ਇਲਾਜ ਲਈ ਅੰਬ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਦੋ ਸ਼ਰਧਾਲੂਆਂ ਨੂੰ ਮ੍ਰਿਤਕ ਐਲਾਨ ਦਿੱਤਾ।

-----------------------------------------------------

ਏਧਰ ਸੁਨਾਮ ਊਧਮ ਸਿੰਘ ਵਾਲਾ ਵਿਖੇ ਚੀਮਾ ਮੰਡੀ ਨੇੜੇ ਇਕ ਸੜਕ ਹਾਦਸੇ ਵਿਚ ਮੋਟਰਸਾਈਕਲ ਸਵਾਰ ਦੋ ਨੌਜਵਾਨਾਂ ਦੀ ਦਰਦਨਾਕ ਮੌਤ ਹੋ ਗਈ। ਪੁਲਿਸ ਥਾਣਾ ਚੀਮਾ ਮੰਡੀ ਦੇ ਇਕ ਅਧਿਕਾਰੀ ਨੇ ਦੱਸਿਆ ਕਿ ਦੋ ਨੌਜਵਾਨ ਮੋਟਰਸਾਈਕਲ'ਤੇ ਭੀਖੀ ਤੋਂ ਸੁਨਾਮ ਆ ਰਹੇ ਸਨ । ਇਸ ਦੌਰਾਨ ਚੀਮਾ ਮੰਡੀ ਤੋਂ ਸ਼ਾਹਪੁਰ ਕਲਾਂ ਪਿੰਡ ਨੂੰ ਮੁੜ ਰਹੇ ਇਕ ਟਰੈਕਟਰ ਟਰਾਲੀ ਨੇ ਮੋਟਰਸਾਈਕਲ ਨੂੰ ਆਪਣੀ ਲਪੇਟ ਵਿਚ ਲੈ ਲਿਆ, ਜਿਸ ਕਾਰਨ ਗੋਪਾਲ ਸਿੰਘ ਵਾਸੀ ਬੁਢਲਾਡਾ ਅਤੇ ਅਕਾਸ਼ਦੀਪ ਸਿੰਘ ਵਾਸੀ ਪਿੰਡ ਵਰ੍ਹੇ ਬੁਢਲਾਡਾ ਦੀ ਮੌਕੇ 'ਤੇ ਹੀ ਮੌਤ ਹੋ ਗਈ । ਇਸ ਦੌਰਾਨ ਜਲੰਧਰ - ਅੰਮ੍ਰਿਤਸਰ ਹਾਈਵੇਅ 'ਤੇ ਕਰਤਾਰਪੁਰ ਨੇੜੇ ਇਕ ਐਕਟਿਵਾ ਨੂੰ ਟਰਾਲੇ ਨੇ ਟੱਕਰ ਮਾਰ ਦਿੱਤੀ। ਇਸ ਹਾਦਸੇ ਵਿਚ ਐਕਟਿਵਾ 'ਤੇ ਆਪਣੇ ਮਾਪਿਆਂ ਨਾਲ ਜਾ ਰਹੀ 7 ਸਾਲ ਦੀ ਬੱਚੀ ਦੀ ਮੌਕੇ ’ਤੇ ਹੀ ਮੌਤ ਹੋ ਗਈ। ਹਾਦਸੇ ਵਿਚ ਬੱਚੀ ਦਾ ਪਿਤਾ ਗੰਭੀਰ ਰੂਪ ’ਚ ਜ਼ਖਮੀ ਏ ਜਦਕਿ ਲੜਕੀ ਦੀ ਮਾਂ ਤੇ ਭਰਾ ਵਾਲ਼-ਵਾਲ਼ ਬਚ ਗਏ ਕਿਉਂਕਿ ਉਹ ਸੜਕ ਕਿਨਾਰੇ ਡਿੱਗ ਪਏ ਸਨ। ਪੁਲਿਸ ਨੇ ਲੜਕੀ ਦੀ

ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਏ। ਪੁਲਿਸ ਨੇ ਅਣਪਛਾਤੇ ਮੁਲਜ਼ਮਾਂ ਖਿਲਾਫ ਮਾਮਲਾ ਦਰਜ ਕਰ ਲਿਆ ਏ। ਉਧਰ ਜਲੰਧਰ - ਫਗਵਾੜਾ ਹਾਈਵੇ ’ਤੇ ਇਕ ਭਿਆਨਕ ਸੜਕ ਹਾਦਸੇ ਦੌਰਾਨ 5 ਗੱਡੀਆਂ ਦੀ ਆਪਸ ਵਿਚ ਜ਼ਬਰਦਸਤ ਟੱਕਰ ਹੋ ਗਈ। ਇਹ ਹਾਦਸਾ ਗੁਰਾਇਆ-ਫਗਵਾੜਾ ਹਾਈਵੇਅ ''ਤੇ ਸਥਿਤ ਚਾਚੋਕੇ ਦੇ ਨੇੜੇ ਉਸ ਸਮੇਂ ਵਾਪਰਿਆ, ਜਦੋਂ ਇਕ ਸੜਕ ਪਾਰ ਕਰਦੀ ਇਕ ਔਰਤ ਨੂੰ ਬਚਾਉਂਦੇ ਹੋਏ ਪੰਜ ਗਡੀਆਂ ਆਪਸ ਚ ਟਕਰਾ ਕੇ ਇਕ ਦੂਜੇ ਉਪਰ ਚੜ ਗਈਆਂ। ਔਰਤ ਨੂੰ ਗੰਭੀਰ ਸੱਟਾਂ ਲੱਗੀਆਂ ਨੇ ਅਤੇ ਉਸ ਨੂੰ ਨਜ਼ਦੀਕੀ ਹਸਪਤਾਲ ਪਹੁੰਚਾਇਆ ਗਿਆ।

---

ਗੈਰ-ਕਾਨੂੰਨੀ ਢੰਗ ਨਾਲ ਕੱਢੀ ਸ਼ਰਾਬ ਪੀਣ ਨਾਲ ਹੋਣ ਵਾਲੇ ਨੁਕਸਾਨ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਲਈ ਤਰਨ ਤਾਰਨ ਦੇ ਵਧੀਕ ਡਿਪਟੀ ਕਮਿਸ਼ਨਰ-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਵਰਿੰਦਰਪਾਲ ਸਿੰਘ ਬਾਜਵਾ ਦੀ ਅਗਵਾਈ ਹੇਠ ਪੰਜਾਬ ਪੁਲਿਸ ਤੇ ਆਬਕਾਰੀ ਵਿਭਾਗ ਦੇ ਅਧਿਕਾਰੀਆਂ ਨੇ ਮੁਹੱਲਾ ਮੁਰਾਦਪੁਰਾ, ਪੰਡੋਰੀ ਗੋਲਾ ਅਤੇ ਤਰਨ ਤਾਰਨ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਪੈਰਾ ਮਿਲਟਰੀ ਫੋਰਸ ਸਮੇਤ

ਜਾਗਰੂਕਤਾ ਮਾਰਚ ਕੀਤਾ । ਐੱਸ. ਡੀ. ਐੱਮ. ਤਰਨ ਤਾਰਨ ਸਿਮਰਨਦੀਪ ਸਿੰਘ ਤੇ ਐੱਸ. ਡੀ. ਐੱਮ. ਖਡੂਰ ਸਾਹਿਬ ਸਚਿਨ ਪਾਠਕ ਅਤੇ ਐੱਸ. ਪੀ. ਹੈੱਡ ਕੁਆਟਰ ਪਰਵਿੰਦਰ ਕੋਰ ਤੋਂ ਇਲਾਵਾ ਸਿਵਲ ਤੇ ਪੁਲਿਸ ਅਧਿਕਾਰੀ ਵੀ ਉਨ੍ਹਾਂ ਦੇ ਨਾਲ ਸਨ । ਵਰਿੰਦਰਪਾਲ ਸਿੰਘ ਬਾਜਵਾ ਨੇ ਦੱਸਿਆ ਕਿ ਇਸ ਜਾਗਰੂਕਤਾ ਮਾਰਚ ਦਾ ਮਕਸਦ ਲੋਕਾਂ ਨੂੰ ਘਰ ਦੀ ਕੱਢੀ ਸ਼ਰਾਬ ਦੀ ਵਰਤੋਂ ਕਰਨ ਤੋਂ ਰੋਕਣ ਦੇ ਨਾਲ-ਨਾਲ ਗੈਰ-ਕਾਨੂੰਨੀ ਢੰਗ ਨਾਲ ਸ਼ਰਾਬ ਬਣਾਉਣ ਵਾਲੇ ਸਮਾਜ ਵਿਰੋਧੀ ਅਨਸਰਾਂ ਖਿਲਾਫ਼ ਸਖਤ ਕਾਰਵਾਈ ਕਰਨਾ ਰਿਹਾ । ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਲੋਕ ਸਭਾ ਚੋਣਾਂ ਦੌਰਾਨ ਆਪਣੇ ਵੋਟ ਪਾਉਣ ਦੇ ਅਧਿਕਾਰ ਦੀ ਵਰਤੋਂ ਬਿਨ੍ਹਾਂ ਕਿਸੇ ਡਰ ਅਤੇ ਭੈਅ ਤੋਂ ਕਰਨ ਅਤੇ ਭਾਰਤੀ ਲੋਕਤੰਤਰ ਨੂੰ ਹੋਰ ਮਜ਼ਬੂਤ ਕਰਨ ਵਿੱਚ ਆਪਣਾ ਯੋਗਦਾਨ ਪਾਉਣ ਦੀ ਅਪੀਲ ਕੀਤੀ ।

---------------------------------------------------------------

ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸ਼ਨ ਮੋਗਾ ਵੱਲੋਂ ਵੋਟ ਪ੍ਰਤੀਸ਼ਤਤਾ ਵਿੱਚ ਵਾਧਾ ਕਰਨ ਲਈ ਸਵੀਪ ਗਤੀਵਿਧੀਆਂ ਲਗਾਤਾਰ ਜਾਰੀ ਨੇ । ਵੋਟ ਪ੍ਰਤੀਸ਼ਤਤਾ 70 ਤੋਂ ਪਾਰ

ਕਰਨ ਲਈ ਸਿਰਤੋੜ ਯਤਨ ਕੀਤੇ ਜਾ ਰਹੇ ਨੇ। ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਮੋਗਾ ਕੁਲਵੰਤ ਸਿੰਘ ਨੇ ਦੱਸਿਆ ਕਿ ਲੋਕਾਂ ਵਿੱਚ ਵੋਟ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਸਹਾਇਕ ਕਮਿਸ਼ਨਰ ਜਨਰਲ -ਕਮ-ਜ਼ਿਲ੍ਹਾ ਸਵੀਪ ਅਫ਼ਸਰ ਸ਼ੁਭੀ ਆਂਗਰਾ ਦੀ ਅਗਵਾਈ ਹੇਠ ਸਵੀਪ ਸੈੱਲ ਲਗਾਤਾਰ ਯਤਨਸ਼ੀਲ ਏ। ਜ਼ਿਲ੍ਹੇ ਦੇ 500 ਤੋਂ ਵਧੇਰੇ ਸਕੂਲਾਂ ਅਤੇ 70 ਤੋਂ ਵਧੇਰੇ ਉੱਚ ਸਿੱਖਿਆ ਸੰਸਥਾਵਾਂ ਵਿੱਚ ਇਲੈਕਟੋਰਲ ਲਿਟਰੇਸੀ ਕਲੱਬਾਂ ਦੇ ਸਵੀਪ ਇੰਚਾਰਜ , ਐਨ.ਜੀ.ਓ.ਜ਼ ਅਤੇ ਯੂਥ ਕਲੱਬ ਵੀ ਵੋਟ ਫੀਸਦੀ ਵਿੱਚ ਵਾਧਾ ਕਰਨ ਲਈ ਮਦਦ ਕਰ ਰਹੇ ਨੇ। ਸਵੀਪ ਗਤੀਵਿਧੀਆਂ ਵਿੱਚ ਹਰ ਤਰ੍ਹਾਂ ਦੇ ਵੋਟਰਾਂ ਖਾਸ ਕਰਕੇ ਦਿਵਿਆਂਗ, ਬਿਰਧ, ਟ੍ਰਾਂਸਜੈਂਡਰ ਅਤੇ ਨਵੇਂ ਵੋਟਰਾਂ ਨੂੰ ਵੋਟ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਜਾ ਰਿਹਾ ਏ।